ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

## ਅਧਿਸੂਚਨਾ

ਮਿਤੀ, ਚੰਡੀਗੜ੍ਹ: 27/6/16

ਨੰ: 16/09/2016-5ਸਸ3/864 ਜਿਵੇਂ ਕਿ ਨਗਰ ਕੌਂਸਲ, ਮਾਨਸਾ ਵੱਲੋਂ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 07 ਅਧੀਨ ਆਪਣੇ ਮਤਾ ਨੰ: 16 ਮਿਤੀ 29-05-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 02 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ, ਮਾਨਸਾ ਵੱਲੋਂ ਆਪਣੇ ਮਤਾ ਨੰ: 53 ਮਿਤੀ 21-09-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 07 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਮਾਨਸਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਕੌਂਸਲ, ਮਾਨਸਾ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਮਾਨਸਾ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਮਾਨਸਾ |
| 4 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਮਾਨਸਾ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਨਿਗਰਾਨ ਇੰਜਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਮਾਨਸਾ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/- ਰੁਪਏ | ਨਗਰ ਕੌਂਸਲ, ਮਾਨਸਾ |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ | 500/- ਰੁਪਏ | ਨਗਰ ਕੌਂਸਲ, ਮਾਨਸਾ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਮਾਨਸਾ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਮਾਨਸਾ |

ਮਿਤੀ: ਚੰਡੀਗੜ੍ਹ
21 ਜੂਨ,2016

ਸਤੀਸ਼ ਚੰਦਰਾ, ਆਈ.ਏ.ਐਸ.
ਵਧੀਕ ਮੁੱਖ ਸਕੱਤਰ,ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/09/2016-5ਸਸ3/ 865 ਮਿਤੀ, ਚੰਡੀਗੜ੍ਹ: 27/6/16

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 10 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਅਧੀਨ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/09/2016-5ਸਸ3/ 866-83 ਮਿਤੀ, ਚੰਡੀਗੜ੍ਹ: 27/6/16

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ੍ਹ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ.
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਮਾਨਸਾ।
11 ਉਪ-ਮੰਡਲ ਮੈਜਿਸਟਰੇਟ, ਮਾਨਸਾ।
12 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਬਠਿੰਡਾ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਮਾਨਸਾ।
14 ਜਿਲ੍ਹਾ ਟਰਾਂਸਪੋਰਟ ਅਫਸਰ, ਮਾਨਸਾ।
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ ਚੰਡੀਗੜ੍ਹ।
16 ਦਫਤਰ ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਸੈਕਟਰ-35, ਚੰਡੀਗੜ੍ਹ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਮਾਨਸਾ।
18 ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਮਾਨਸਾ।

ਅਧੀਨ ਸਕੱਤਰ, ਸਥਾਨਕ ਸਰਕਾਰ